

ਨੀਲਧਾਰੀ ਸੰਪਰਦਾਇ ਵਲੋਂ ਸਜਾਏ ਨਗਰ ਕੀਰਤਨ ਦਾ ਦ੍ਰਿਸ਼। ਤਸਵੀਰ : ਤਰਾਨਾ

# ਨੀਲਧਾਰੀ ਸੰਪਰਦਾਇ ਵਲੋਂ ਸਜਾਇਆ ਨਗਰ ਕੀਰਤਨ

ਨੌਸ਼ਹਿਰਾ ਮੱਝਾ ਸਿੰਘ, 3 ਜਨਵਰੀ (ਤਰਸੇਮ ਸਿੰਘ ਤਰਾਨਾ)-ਨੀਲਧਾਰੀ ਸੰਪਰਦਾਇ ਦੇ ਮੁਖੀ ਸੰਤ ਮਹਾਰਾਜ ਕਿਲ੍ਹੇ ਵਾਲਿਆਂ ਦੇ 144ਵੇਂ ਜਨਮ ਦਿਹਾੜੇ ਨੂੰ ਸਮਰਪਿਤ ਚਾਰ ਦਿਨਾਂ ਸਾਲਾਨਾ ਧਾਰਮਿਕ ਸਮਾਗਮ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਮੁੱਖ ਅਸਥਾਨ ਨੌਸ਼ਹਿਰਾ ਮੱਝਾ ਸਿੰਘ ਵਿਖੇ ਜਾਰੀ ਹਨ, ਜਿਸ ਦੇ ਤੀਸਰੇ ਦਿਨ ਅੱਜ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਸਵੇਰੇ ਭੋਗ ਪਾਉਣ ਉਪਰੰਤ ਹਰਿ ਜੱਸ ਸੇਵਕ ਸਭਾ ਦੇ ਸਹਿਯੋਗ ਨਾਲ ਨੀਲਧਾਰੀ ਸੰਪਰਦਾਇ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿਚ ਗੁਰਮਤਿ ਪ੍ਰਚਾਰ ਲਹਿਰ ਧਾਰੀਵਾਲ ਗਤਕਾ ਅਖਾੜਾ ਤੇ ਵੱਖ-ਵੱਖ ਸਕੂਲੀ ਅਤੇ ਰਵਾਇਤੀ ਬੈਂਡ ਪਾਰਟੀਆਂ ਨੇ ਨਗਰ ਕੀਰਤਨ ਦੀ ਸ਼ੋਭਾ ਵਧਾਈ। ਨਗਰ ਕੀਰਤਨ ਗੁਰਦੁਆਰਾ ਭੋਰਾ ਸਾਹਿਬ ਤੋਂ ਸਵੇਰੇ ਆਰੰਭ ਹੋ ਕੇ ਡਾਕਖਾਨਾ ਚੌਕ, ਬੱਸ ਅੱਡਾ, ਬਗੀਚੀ ਸਾਹਿਬ ਤੋਂ ਹੁੰਦਾ ਹੋਇਆ ਸਮੁੱਚੇ ਕਸਬੇ ਦੀ ਪ੍ਰਕਰਮਾ ਕਰਕੇ ਸ਼ਾਮ ਮੌਕੇ ਵਾਪਸ ਗੁਰਦੁਆਰਾ ਭੋਰਾ ਸਾਹਿਬ ਪੁੱਜ ਕੇ ਜੈਕਾਰਿਆਂ ਦੀ ਗੂੰਜ 'ਚ ਸਮਾਪਤ ਹੋਇਆ। ਇਸ ਮੌਕੇ ਨੀਲਧਾਰੀ ਸੰਪਰਦਾਇ ਗੁਰਦੁਆਰਾ ਟ੍ਰਸਟ ਦੇ ਪ੍ਰਧਾਨ ਸੰਤ ਕਿਰਪਾਲ ਸਿੰਘ ਚੰਡੀਗੜ੍ਹ ਵਾਲਿਆਂ ਨੇ ਦੱਸਿਆ ਕਿ ਨਗਰ ਕੀਰਤਨ ਦੀ ਸਮਾਪਤੀ ਉਪਰੰਤ ਗੁਰਬਾਣੀ ਕੀਰਤਨ ਦਰਬਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਆਰੰਭ ਹੋਵੇਗਾ, ਜੋ ਰਾਤ ਭਰ ਨਿਰੰਤਰ ਜਾਰੀ ਰਹੇਗਾ। ਅੱਜ 4 ਜਨਵਰੀ ਨੂੰ ਬਾਅਦ ਦੁਪਹਿਰ ਧਾਰਮਿਕ ਸਮਾਗਮਾਂ ਦੀ ਸਮਾਪਤੀ ਹੋਵੇਗੀ। ਇਸ ਮੌਕੇ ਸੰਤ ਕਿਰਪਾਲ ਸਿੰਘ ਚੰਡੀਗੜ੍ਹ ਵਾਲੇ, ਭਾਈ ਨਿਰੰਕਾਰ ਸਿੰਘ, ਸਤਨਾਮ ਸਿੰਘ ਕਲੇਰ ਕਲਾਂ, ਸਤਵਿੰਦਰ ਸਿੰਘ ਬੇਦੀ ਅਤੇ ਭਾਈ ਲਾਲ ਸਿੰਘ ਸਮੇਤ ਹੋਰ ਸੰਗਤਾਂ ਹਾਜ਼ਰ ਸਨ।

# ਰਵੀਨੰਦਨ ਬਾਜਵਾ ਨਾਲ ਭਾਗੋਵਾਲ ਦੇ ਕਾਂਗਰਸੀਆਂ ਚੋਣਾਂ ਨੂੰ ਲੈ ਕੇ ਕੀਤੀ ਮੁਲਾਕਾਤ

ਕਿਲ੍ਹਾ ਲਾਲ ਸਿੰਘ, 3 ਜਨਵਰੀ (ਬਲਬੀਰ ਸਿੰਘ)-ਪੰਜਾਬ ਸਰਕਾਰ ਨੇ ਸੂਬੇ ਦਾ ਅਥਾਹ ਵਿਕਾਸ ਕੀਤਾ ਹੈ ਅਤੇ 2022 ਦੀਆਂ ਵਿਧਾਨ ਸਭਾ ਚੋਣਾਂ ਵੀ ਵਿਕਾਸ ਦੇ ਮੁੱਦੇ 'ਤੇ ਹੀ ਕਾਂਗਰਸ ਲੜੇਗੀ ਅਤੇ ਇਸ ਵਾਰ ਇਨ੍ਹਾਂ ਵਿਧਾਨ ਸਭਾ ਚੋਣਾਂ ਦੌਰਾਨ ਯੂਥ ਕਾਂਗਰਸੀ ਵਰਕਰਾਂ ਦੀ ਅਹਿਮ ਭੂਮਿਕਾ ਹੋਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਪ੍ਰੀਸ਼ਦ ਗੁਰਦਾਸਪੁਰ ਦੇ ਚੇਅਰਮੈਨ ਰਵੀਨੰਦਨ ਸਿੰਘ ਬਾਜਵਾ ਨੇ ਹਲਕਾ ਫਤਹਿਗੜ੍ਹ ਚੂੜੀਆਂ ਦੇ ਪਿੰਡ ਭਾਗੋਵਾਲ ਦੇ ਕਾਂਗਰਸੀ ਵਰਕਰਾਂ ਜਿਨ੍ਹਾਂ ਵਿਚ ਜ਼ਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਕਾਨਪੁਰੀਆ, ਮਾਰਕੀਟ ਕਮੇਟੀ ਬਟਾਲਾ ਦੇ ਸਾ. ਡਾਇਰੈਕਟਰ ਧਰਮਜੋਤ ਸਿੰਘ ਨਾਲ ਇਕ ਮੁਲਾਕਾਤ ਦੌਰਾਨ ਕੀਤਾ। ਇਸ ਮੌਕੇ ਚੇਅਰਮੈਨ ਰਵੀਨੰਦਨ ਸਿੰਘ ਬਾਜਵਾ ਨੇ ਕਿਹਾ ਕਿ ਹਲਕਾ ਫਤਹਿਗੜ੍ਹ ਚੂੜੀਆਂ ਦੇ ਵਿਕਾਸ ਕਾਰਜਾਂ 'ਚ ਕੋਈ ਕਸਰ ਬਾਕੀ ਨਹੀਂ ਛੱਡੀ, ਜੋ ਅਜੇ ਵੀ ਨਿਰੰਤਰ ਜਾਰੀ ਹਨ। ਇਸ ਵਾਰ ਹਲਕੇ ਦੇ ਲੋਕ ਵਿਕਾਸ ਨੂੰ ਮੁੱਖ ਰੱਖ ਕੇ ਕਾਂਗਰਸ ਨੂੰ ਹਲਕੇ ਵਿਚ ਭਾਰੀ ਬਹੁਮਤ ਨਾਲ ਜਿਤਾਉਣਗੇ। ਬਾਜਵਾ ਨੇ ਕਿਹਾ ਕਿ ਹਲਕੇ ਦੇ ਕਿਸੇ ਵੀ ਪਿੰਡ ਵਿਚ ਕੋਈ ਵਿਕਾਸ ਕਾਰਜ ਅਧੂਰਾ ਨਹੀਂ ਰਹਿਣ ਦਿੱਤਾ ਜਾਵੇਗਾ।



ਚੇਅਰਮੈਨ ਰਵੀਨੰਦਨ ਸਿੰਘ ਬਾਜਵਾ ਨੂੰ ਗੁਲਦਸਤਾ ਭੇਟ ਕਰਦੇ ਹੋਏ ਗੁਰਪ੍ਰੀਤ ਸਿੰਘ ਕਾਨਪੁਰੀਆ ਅਤੇ ਧਰਮਜੋਤ ਸਿੰਘ ਭਾਗੋਵਾਲ। ਤਸਵੀਰ : ਬਲਬੀਰ ਸਿੰਘ



ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੀ ਵੰਡ ਕਰਦੇ ਹੋਏ ਬਾਬਾ ਬਲਬੀਰ ਸਿੰਘ ਬੇਦੀ ਸ੍ਰੀ ਚੋਲਾ ਸਾਹਿਬ ਵਾਲੇ। ਤਸਵੀਰ : ਸ਼ਰਮਾ

# 'ਗੁਰੂ ਨਾਨਕ ਨਾਮ ਸੇਵਾ ਮਿਸ਼ਨ' ਵਲੋਂ 42 ਪਰਿਵਾਰਾਂ ਨੂੰ ਰਾਸ਼ਨ ਦੀ ਵੰਡ

ਡੇਰਾ ਬਾਬਾ ਨਾਨਕ, 3 ਜਨਵਰੀ (ਵਿਜੇ ਸ਼ਰਮਾ)-ਮਨੁੱਖਤਾ ਦੀ ਨਿਸ਼ਕਾਮ ਸੇਵਾ ਨੂੰ ਸਮਰਪਿਤ 'ਗੁਰੂ ਨਾਨਕ ਨਾਮ ਸੇਵਾ ਮਿਸ਼ਨ' ਡੇਰਾ ਬਾਬਾ ਨਾਨਕ ਵਲੋਂ ਗੁਰੂ ਨਾਨਕ ਦੇਵ ਜੀ ਦੀ ਅੰਸ਼-ਬੰਸ ਬਾਬਾ ਬਲਬੀਰ ਸਿੰਘ ਬੇਦੀ ਸ੍ਰੀ ਚੋਲਾ ਸਾਹਿਬ ਵਾਲਿਆਂ ਦੀ ਰਹਿਨੁਮਾਈ 'ਚ ਦਰਬਾਰ ਬਾਬਾ ਸ੍ਰੀ ਚੰਦ ਜੀ ਵਿਖੇ ਕਰਵਾਏ ਗਏ ਇਕ ਸੰਖੇਪ ਸਮਾਗਮ ਦੌਰਾਨ ਅਪਾਹਜ ਅਤੇ ਆਰਥਿਕ ਪੱਖੋਂ ਕਮਜ਼ੋਰ 42 ਲੋੜਵੰਦ ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਦੀ ਵੰਡ ਕੀਤੀ ਗਈ। ਇਕ ਵਿਸ਼ੇਸ ਗੱਲਬਾਤ ਦੌਰਾਨ ਬਾਬਾ ਬਲਬੀਰ ਸਿੰਘ ਬੇਦੀ ਨੇ ਦੱਸਿਆ ਕਿ ਮਿਸ਼ਨ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਗਰੀਬ, ਹੈਂਡੀਕੈਪ ਤੇ ਲੋੜਵੰਦ ਪਰੀਵਾਰਾਂ ਦੀ ਚੋਣ ਕਰਕੇ ਉਨ੍ਹਾਂ ਨੂੰ ਹਰ ਮਹੀਨੇ ਮੁਫ਼ਤ ਰਾਸ਼ਨ ਦੀ ਵੰਡ ਕੀਤੀ ਜਾਂਦੀ ਹੈ ਤਾਂ ਜੋ ਇਨ੍ਹਾਂ ਦਾ ਜੀਵਨ ਨਿਰਬਾਹ ਸੁਖਾਲਾ ਹੋ ਸਕੇ। ਉਨ੍ਹਾਂ ਦੱਸਿਆ ਕਿ ਸੰਸਥਾ ਵਲੋਂ ਲੋਕ ਭਲਾਈ ਕਾਰਜ ਨਿਰੰਤਰ ਚਲਦੇ ਜਾ ਰਹੇ ਹਨ, ਜਿਸ ਤਹਿਤ ਅੱਖਾਂ ਦਾ ਮੁਫ਼ਤ ਇਲਾਜ ਲਈ ਧੰਨ 'ਗੁਰੂ ਨਾਨਕ ਆਈ ਕੇਅਰ ਸੈਂਟਰ', 'ਭਾਈ ਮਰਦਾਨਾ ਸੰਗੀਤ ਵਿਦਿਆਲਾ', 'ਬੇਬੇ ਨਾਨਕੀ ਸਿਲਾਈ, ਕਢਾਈ ਸੈਂਟਰ' ਅਤੇ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਪਰਿਵਾਰਾਂ ਲਈ ਹਰ ਤਰ੍ਹਾਂ ਦੀ ਮਦਦ ਮੁਹੱਈਆ ਕਰਵਾਈ ਜਾਂਦੀ ਹੈ। ਇਸ ਮੌਕੇ ਗੁਰਮੀਤ ਸਿੰਘ ਸੈਕਟਰੀ, ਮੁਖਤਿਆਰ ਸਿੰਘ, ਗੁਰਪ੍ਰੀਤ ਸਿੰਘ, ਰਣਦੀਪ ਸਿੰਘ, ਪ੍ਰੇਮ ਸਿੰਘ ਆਦਿ ਵੀ ਹਾਜ਼ਰ ਸਨ।

## ਨੰਬਰਦਾਰ ਤਹਿਸੀਲ ਯੂਨੀਅਨ ਕਲਾਨੌਰ ਭੰਗ, ਨਵੀਂ ਬਾਡੀ ਦੀ ਚੋਣ 29 ਨੂੰ : ਨੰਬਰਦਾਰ ਗੋਰਾਇਆ

ਕਲਾਨੌਰ, 3 ਜਨਵਰੀ (ਪੁਰੇਵਾਲ)-ਸਥਾਨਕ ਤਹਿਸੀਲ ਅਧੀਨ ਪੈਂਦੇ ਵੱਖ-ਵੱਖ ਪਿੰਡਾਂ ਦੇ ਨੰਬਰਦਾਰਾਂ ਦੀ ਇਕ ਵਿਸ਼ੇਸ਼ ਇਕੱਤਰਤਾ 29 ਜਨਵਰੀ ਨੂੰ ਕਲਾਨੌਰ ਤਹਿਸੀਲ 'ਚ ਕਰਕੇ ਨੰਬਰਦਾਰ ਤਹਿਸੀਲ ਯੂਨੀਅਨ ਦੀ ਚੋਣ ਕੀਤੀ ਜਾਵੇਗੀ। ਇਸ ਸਬੰਧੀ ਨੰਬਰਦਾਰ ਜਥੇ. ਬਲਰਾਜ ਸਿੰਘ ਗੋਰਾਇਆ, ਨੰਬਰਦਾਰ ਜਥੇ. ਲੱਖਾ ਸਿੰਘ ਮੀਰਚਕਾਨਾਂ, ਨੰਬਰਦਾਰ ਜਥੇ. ਹਰਭਜਨ ਸਿੰਘ ਪਕੀਵਾਂ, ਨੰਬਰਦਾਰ ਅਮਕੀਕ ਸਿੰਘ ਅਗਵਾਨ, ਨੰਬਰਦਾਰ ਅਮਰੀਕ ਸਿੰਘ ਕਲਾਨੌਰ, ਨੰਬਰਦਾਰ ਅਸ਼ਵਨੀ ਮਾਹਲਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਨੰਬਰਦਾਰਾਂ ਦੀ ਪੁਰਾਣੀ ਯੂਨੀਅਨ ਦੀ ਬਾਡੀ ਭੰਗ ਕਰ ਦਿੱਤੀ ਗਈ ਹੈ। ਨੰਬਰਦਾਰਾਂ ਕਿਹਾ ਕਿ ਸਮੇਂ-ਸਮੇਂ 'ਤੇ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਜਾਂਦਾ ਰਿਹਾ ਹੈ ਅਤੇ 29 ਦੀ ਮੀਟਿੰਗ 'ਚ ਨੰਬਰਦਾਰਾਂ ਦੀਆਂ ਮੰਗਾਂ ਸਬੰਧੀ ਵੀ ਵਿਚਾਰ ਚਰਚਾ ਕਰਕੇ ਭਵਿੱਖ ਦੀ ਰਣਨੀਤੀ ਬਣਾਈ ਜਾਵੇਗੀ। ਉਨ੍ਹਾਂ ਤਹਿਸੀਲ ਕਲਾਨੌਰ ਨਾਲ ਸਬੰਧਿਤ ਨੰਬਰਦਾਰਾਂ ਨੂੰ ਅਪੀਲ ਕੀਤੀ ਕਿ ਉਹ 29 ਦੀ ਮੀਟਿੰਗ 'ਚ ਜ਼ਰੂਰ ਸ਼ਮੂਲੀਅਤ ਕਰਨ ਤਾਂ ਜੋ ਨੰਬਰਦਾਰਾਂ ਦੇ ਹੱਕ ਸੁਰੱਖਿਅਤ ਕਰਨ ਲਈ ਵਿਚਾਰਾਂ ਹੋ ਸਕਣ।



ਵਾਰਡ ਨੰ: 38 'ਚ ਮੀਟਿੰਗ ਦੌਰਾਨ ਸਾਥੀਆਂ ਨਾਲ ਪੱਪੂ ਜੈਂਤੀਪੁਰ। ਤਸਵੀਰ : ਵਨੀਤ ਗੋਇਲ

# ਪੱਪੂ ਜੈਂਤੀਪੁਰ ਵਲੋਂ ਬਟਾਲਾ ਦੇ ਵਾਰਡ ਨੰ: 38 'ਚ ਵਰਕਰ ਮੀਟਿੰਗ

ਬਟਾਲਾ, 3 ਜਨਵਰੀ (ਕਾਹਲੋਂ)-ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਦੇ ਸਾਬਕਾ ਚੇਅਰਮੈਨ ਰਜਿੰਦਰ ਕੁਮਾਰ ਪੱਪੂ ਜੈਂਤੀਪੁਰ ਵਲੋਂ ਬਟਾਲਾ ਹਲਕੇ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੀ ਦਾਅਵੇਦਾਰੀ ਜਿਤਾਉਂਦਿਆਂ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਤਹਿਤ ਉਨ੍ਹਾਂ ਵਲੋਂ ਬਟਾਲਾ ਨਗਰ ਨਿਗਮ ਦੇ ਵਾਰਡ ਨੰ: 38 ਵਿਚ ਕੌਂਸਲਰ ਹਰਿੰਦਰ ਸਿੰਘ ਵਲੋਂ ਕਰਵਾਈ ਮੀਟਿੰਗ ਨੂੰ ਸੰਬੋਧਨ ਕੀਤਾ ਗਿਆ। ਇਸ ਮੌਕੇ ਪੱਪੂ ਜੈਂਤੀਪੁਰ ਨੇ ਵਾਰਡ ਵਾਸੀਆਂ ਨਾਲ ਵਿਧਾਨ ਸਭਾ ਚੋਣਾਂ 2022 ਸਬੰਧੀ ਵਿਚਾਰ-ਵਟਾਂਦਰਾ ਕੀਤਾ ਤੇ ਉਨ੍ਹਾਂ ਨੂੰ ਕਾਂਗਰਸ ਪਾਰਟੀ ਦੇ ਹੱਕ ਵਿਚ ਭੁਗਤਣ ਦੀ ਅਪੀਲ ਕੀਤੀ। ਇਸ ਮੌਕੇ ਪੱਪੂ ਜੈਂਤੀਪੁਰ ਨੇ ਕਿਹਾ ਕਿ ਕਾਂਗਰਸ ਸਰਕਾਰ ਵਲੋਂ ਲਗਾਤਾਰ ਹਰ ਵਰਗ ਦੇ ਲੋਕਾਂ ਦੇ ਕੰਮ ਕੀਤੇ ਜਾ ਰਹੇ ਹਨ, ਜਿਸ ਕਰਕੇ ਲੋਕਾਂ ਵਿਚ ਕਾਂਗਰਸ ਦੀ ਦੁਬਾਰਾ ਸਰਕਾਰ ਬਣਾਉਣ ਸਬੰਧੀ ਭਾਰੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਉਹ ਪਾਰਟੀ ਹਾਈਕਮਾਂਡ ਦੀ ਸਹਿਮਤੀ ਨਾਲ ਬਟਾਲਾ 'ਚ ਆਏ ਹਨ। ਜੇਕਰ ਉਨ੍ਹਾਂ ਨੂੰ ਬਟਾਲਾ ਹਲਕੇ ਤੋਂ ਟਿਕਟ ਦੇ ਕੇ ਨਿਵਾਜਿਆ ਜਾਂਦਾ ਹੈ ਤਾਂ ਉਹ ਇਹ ਸੀਟ ਭਾਰੀ ਬਹੁਮਤ ਨਾਲ ਜਿੱਤ ਕੇ ਪਾਰਟੀ ਦੀ ਝੋਲੀ ਪਾਉਣਗੇ। ਇਸ ਮੌਕੇ ਐਡਵੋਕੇਟ ਅਮਨਦੀਪ ਕੁਮਾਰ ਦੀਪੂ ਜੈਂਤੀਪੁਰ, ਕੌਂਸਲਰ ਹਰਿੰਦਰ ਸਿੰਘ, ਗੁਲਸ਼ਨ ਕੁਮਾਰ, ਸਤਵੰਤ ਸਿੰਘ ਨਾਗੀ, ਜਸਵਿੰਦਰ ਸਿੰਘ ਨਾਗੀ, ਸੁਰਜੀਤ ਸਿੰਘ ਬਾਜਵਾ, ਢੱਡ ਮਠਾਰੂ, ਡਾ. ਰਵਿੰਦਰ ਨਾਗੀ, ਰਾਣਾ ਰਾਜ, ਗੁਰਪ੍ਰੀਤ ਸਿੰਘ ਗੋਪੀ ਉੱਪਲ ਆਦਿ ਹਾਜ਼ਰ ਸਨ।



ਹਲਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ ਨਾਲ ਮੀਟਿੰਗ ਕਰਨ ਜਾਂਦੇ ਹੋਏ ਕਾਂਗਰਸੀ ਆਗੂ ਤੇ ਵਰਕਰ। ਤਸਵੀਰ : ਬਲਵਿੰਦਰ ਸਿੰਘ

# 2022 ਦੀਆਂ ਚੋਣਾਂ 'ਚ ਵਿਧਾਇਕ ਬਲਵਿੰਦਰ ਸਿੰਘ ਲਾਡੀ ਸ਼ਾਨ ਨਾਲ ਜਿੱਤਣਗੇ- ਆਗੂ

ਪੰਜਗਰਾਈਆਂ, 3 ਜਨਵਰੀ (ਬਲਵਿੰਦਰ ਸਿੰਘ)-ਅਗਲੇ ਵਰ੍ਹੇ ਆਉਣ ਵਾਲੀਆਂ 2022 ਦੀਆਂ ਵਿਧਾਨ ਸਭਾ ਚੋਣਾਂ ਮੌਕੇ ਵਿਧਾਇਕ ਬਲਵਿੰਦਰ ਸਿੰਘ ਲਾਡੀ ਨਵੀਂਆਂ ਇਤਿਹਾਸਕ ਪੈੜਾਂ ਸਿਰਜਣ ਜਾ ਰਿਹਾ ਹੈ। ਹਲਕਾ ਸ੍ਰੀ ਹਰਗੋਬਿੰਦਪੁਰ ਦੇ ਲੋਕ ਹਲਕੇ ਦੀ ਵਾਗਡੋਰ ਵਿਧਾਇਕ ਬਲਵਿੰਦਰ ਸਿੰਘ ਲਾਡੀ ਨੂੰ ਸੌਂਪਣ ਲਈ ਉਤਾਵਲੇ ਹੋਏ ਪਏ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉਘੇ ਕਾਂਗਰਸੀ ਆਗੂ ਅਤੇ ਸਰਪੰਚ ਕੁਲਵਿੰਦਰ ਕੌਰ ਦੇ ਪਤੀ ਸਿਕੰਦਰ ਸਿੰਘ ਖੈਹਿਰਾ ਅਤੇ ਪਿੰਡ ਹਰਧਾਨ ਤੋਂ ਸਰਪੰਚੀ ਦੇ ਫ਼ਰਜ਼ ਨਿਭਾ ਰਹੇ ਗੁਰਦੀਪ ਸਿੰਘ ਬਾਜਵਾ ਨੇ ਕੀਤਾ। ਉਕਤ ਆਗੂਆਂ ਨੇ ਕਿਹਾ ਕਿ ਹੋਰਨਾਂ ਪਾਰਟੀਆਂ ਦੇ ਨੁਮਾਇੰਦਿਆਂ ਵਲੋਂ ਬੋਲੇ ਗਏ ਵੱਡੇ-ਵੱਡੇ ਝੂਠ ਹੀ ਉਨ੍ਹਾਂ ਦੇ ਗਲੇ ਦੀ ਹੱਡੀ ਬਣੇ ਹੋਏ ਹਨ। ਇਸ ਮੌਕੇ ਨੰਬਰਦਾਰ ਅਜੈਬ ਸਿੰਘ, ਨਿਰਮਲ ਸਿੰਘ ਢਡਿਆਲਾ ਨਜ਼ਾਰਾ, ਰਾਮ ਸਿੰਘ ਕਰਨਾਮਾ, ਪ੍ਰਧਾਨ ਬਲਜੀਤ ਸਿੰਘ, ਸਰਬਜੀਤ ਸਿੰਘ ਬਾਜਵਾ ਅਤੇ ਹੋਰ ਕਾਂਗਰਸੀ ਵਰਕਰ ਹਾਜ਼ਰ ਸਨ।

# ਸਿਹਤ ਵਿਭਾਗ ਦੇ ਨੱਕ ਹੇਠ ਬੱਚਿਆਂ ਨੂੰ ਵੇਚੇ ਜਾ ਰਹੇ ਹਨ ਮਸਾਲਿਆਂ ਨਾਲ ਭਰਪੂਰ ਨਾਮ ਨਿਹਾਦ ਕੰਪਨੀਆਂ ਦੇ ਪ੍ਰੋਡਕਟਸ

ਤਿੱਬੜ, 3 ਜਨਵਰੀ (ਬੋਪਾਰਾਏ)-ਪੰਜਾਬ ਸਰਕਾਰ ਵਲੋਂ ਗ਼ੈਰ-ਕਾਨੂੰਨੀ ਵਿੱਕਰੀ ਵਿਰੁੱਧ ਸਖ਼ਤ ਕਾਰਵਾਈ ਕਰਨ ਲਈ ਫੂਡ ਸੇਫ਼ਟੀ ਤੇ ਹੋਰ ਸਬੰਧਿਤ ਵਿਭਾਗਾਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਸਨ। ਪਰ ਇਨ੍ਹਾਂ ਹਦਾਇਤਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਵਿਚ ਦਿਲਚਸਪੀ ਨਾ ਹੋਣ ਕਾਰਨ ਇਨ੍ਹਾਂ ਹਦਾਇਤਾਂ ਦੀ ਪਾਲਣਾ ਕਰਦੇ ਅਧਿਕਾਰੀ ਤੇ ਕਰਮਚਾਰੀ ਘੱਟ ਹੀ ਦੇਖਣ ਨੂੰ ਮਿਲਦੇ ਹਨ। ਸਿਹਤ ਵਿਭਾਗ ਦੇ ਅਧਿਕਾਰੀ ਸੈਂਪਲ ਭਰਦੇ ਤਾਂ ਨਜ਼ਰ ਆਉਂਦੇ ਹਨ। ਪਰ ਕਾਰਵਾਈ ਕਰਦੇ ਕਦੇ ਨਜ਼ਰ ਨਹੀਂ ਆਏ, ਜਿਸ ਕਾਰਨ ਗ਼ੈਰ-ਕਾਨੂੰਨੀ ਕੰਮ ਕਰਨ 'ਤੇ ਗ਼ਲਤ ਚੀਜ਼ਾਂ ਵੇਚਣ ਵਾਲਿਆਂ ਦੇ ਹੌਸਲੇ ਬੁਲੰਦ ਨਜ਼ਰ ਆ ਰਹੇ ਹਨ। ਫੂਡ ਸੇਫ਼ਟੀ ਤੇ ਸਟੈਂਡਰਡ ਨਿਯਮਾਂ ਦੇ ਉਲਟ ਪਿੰਡਾਂ ਤੇ ਸ਼ਹਿਰਾਂ ਅੰਦਰ ਗੈਰ ਮਿਆਰੀ ਫਲੇਵਰਡ ਮਸਾਲਿਆਂ ਨਾਲ ਭਰਪੂਰ ਵੱਖ-ਵੱਖ ਨਾਵਾਂ ਹੇਠ ਪ੍ਰੋਡਕਟਾਂ ਦੀ ਵਿੱਕਰੀ ਜ਼ੋਰਾਂ 'ਤੇ ਹੈ। ਕੁਝ ਕੁ ਦੁਕਾਨਾਂ ਦਾ ਦੌਰਾ ਕਰਨ 'ਤੇ ਦੇਖਿਆ ਕਿ ਬੱਚਿਆਂ ਨੂੰ ਵੱਖ-ਵੱਖ ਨਾਵਾਂ ਹੇਠ ਕੁਝ ਪ੍ਰੋਡਕਟਾਂ ਨੂੰ ਕੁਝ ਹੋਰ ਨਾਮ ਨਿਹਾਦ ਕੰਪਨੀਆਂ ਵਲੋਂ ਬਣਾ ਕੇ ਵੱਡੇ ਪੱਧਰ 'ਤੇ ਵੇਚਿਆ ਜਾ ਰਿਹਾ ਹੈ। ਇਨ੍ਹਾਂ ਦੀ ਵਿੱਕਰੀ ਨਾਲ ਜਿੱਥੇ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ, ਉੱਥੇ ਹੀ ਸਰਕਾਰ ਕੋਲੋਂ ਮਨਜ਼ੂਰੀ ਲੈ ਕੇ ਇਨ੍ਹਾਂ ਪ੍ਰੋਡਕਟਾਂ ਦਾ ਨਿਰਮਾਣ ਨਿਯਮਾਂ ਅਧੀਨ ਕਰਨ ਵਾਲੀਆਂ ਕੰਪਨੀਆਂ ਨੂੰ ਚੂਨਾ ਲਗਾਇਆ ਜਾ ਰਿਹਾ ਹੈ ਜੋ ਸਰਕਾਰ ਨੂੰ ਟੈਕਸ ਅਦਾ ਕਰਦੀਆਂ ਹਨ। ਇਨ੍ਹਾਂ ਨਾਮ ਨਿਹਾਦ ਕੰਪਨੀਆਂ ਵਲੋਂ ਬਣਾਏ ਗਏ ਪ੍ਰੋਡਕਟ ਬੱਚਿਆਂ ਦੀ ਸਿਹਤ ਲਈ ਹਾਨੀਕਾਰਕ ਸਿੱਧ ਹੋ ਰਹੇ ਹਨ ਜੋ ਬੱਚਿਆਂ ਦੀ ਸਿਹਤ ਨਾਲ ਖਿਲਵਾੜ ਪੈਦਾ ਕਰ ਰਹੇ ਹਨ। ਬੱਚਿਆਂ ਨੂੰ ਆਕਰਸ਼ਿਤ ਕਰਨ ਲਈ ਇਨ੍ਹਾਂ 'ਚ ਖਿਡੌਣੇ ਪਾਏ ਜਾ ਰਹੇ ਹਨ। ਜਦੋਂ ਕਿ ਸਿਰਫ਼ 5 ਰੁਪਏ 'ਚ ਪ੍ਰੋਡਕਟ ਅਤੇ ਖਿਡਾਉਣੇ ਦੇਣੇ ਗੈਰ ਮੁਮਕਿਨ ਹਨ। ਦੂਸਰੇ ਪਾਸੇ ਇਹ ਜਾਣਕਾਰੀ ਸਾਹਮਣੇ ਆਈ ਹੈ ਕਿ ਇਹ ਪ੍ਰੋਡਕਟ ਬਣਾਉਣ ਵਾਲੀਆਂ ਕੰਪਨੀਆਂ ਬਾਰੇ ਫੂਡ ਇੰਸਪੈਕਟਰਾਂ ਨੂੰ ਪੂਰੀ ਜਾਣਕਾਰੀ ਹੋਣ ਦੇ ਬਾਵਜੂਦ ਵੀ ਇਨ੍ਹਾਂ ਖ਼ਿਲਾਫ਼ ਕੋਈ ਜਾਇਜ਼ ਕਾਰਵਾਈ ਅਮਲ 'ਚ ਨਾ ਲਿਆਉਣ ਕਰਕੇ ਇਨ੍ਹਾਂ ਅਧਿਕਾਰੀਆਂ ਦੇ ਰੋਲ ਸ਼ੱਕ ਦੇ ਘੇਰੇ ਵਿਚ ਹੈ ਜਾਂ ਫਿਰ ਕਿਸੇ ਰਾਜਸੀ ਆਗੂ ਦੇ ਦਬਾਅ ਹੇਠ ਬੱਚਿਆਂ ਦੀ ਸਿਹਤ ਨਾਲ ਹੋ ਰਹੇ ਖਿਲਵਾੜ ਨੂੰ ਨਹੀਂ ਰੋਕਿਆ ਜਾ ਰਿਹਾ। ਇਸ ਸਬੰਧੀ ਜਦੋਂ ਬੱਚਿਆਂ ਦੇ ਮਾਹਿਰ ਡਾ: ਗੁਰਖੇਲ ਸਿੰਘ ਕਲਸੀ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਦੱਸਿਆ ਕਿ ਅਜਿਹੇ ਪ੍ਰੋਡਕਟ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ 'ਚ ਵੱਡੀ ਰੁਕਾਵਟ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਪ੍ਰੋਡਕਟ ਮਸਾਲਿਆਂ ਨਾਲ ਤਿਆਰ ਕੀਤੇ ਜਾਂਦੇ ਹਨ ਜੋ ਬੱਚਿਆਂ ਦੀ ਸਿਹਤ ਲਈ ਸਹੀ ਨਹੀਂ ਹੁੰਦੇ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਡਕਟਾਂ ਦੀ ਵਰਤੋਂ ਕਰਨ ਵਾਲੇ ਬੱਚਿਆਂ 'ਚ ਡਿਪਰੈਸ਼ਨ, ਚਮੜੀ ਦੇ ਰੋਗ, ਹਾਈਪਰਟੈਂਸ਼ਨ ਵਰਗੇ ਰੋਗ ਜਲਦੀ ਨਜ਼ਰ ਆਉਂਦੇ ਹਨ ਅਤੇ ਬੱਚਿਆਂ ਵਿਚ ਰੋਗਾਂ ਨਾਲ ਲੜਨ ਦੀ ਸਮਰੱਥਾ ਵੀ ਘਟਦੀ ਜਾ ਰਹੀ ਹੈ। ਇਸ ਸਬੰਧੀ ਵੱਖ-ਵੱਖ ਸਮਾਜ ਸੇਵੀ ਆਗੂਆਂ ਤੇ ਜਥੇਬੰਦੀਆਂ ਨੇ ਮੰਗ ਕੀਤੀ ਹੈ ਕਿ ਇਨ੍ਹਾਂ ਗੈਰ ਮਿਆਰੀ ਜੰਕ ਫੂਡ ਪ੍ਰੋਡਕਟਸ 'ਤੇ ਰੋਕ ਲਗਾਈ ਜਾਵੇ ਅਤੇ ਬੱਚਿਆਂ ਦੀ ਸਿਹਤ ਨਾਲ ਖਿਲਵਾੜ ਕਰਕੇ ਜੰਕ ਫੂਡ ਬਣਾਉਣ ਵਾਲੀਆਂ ਨਾਮ ਨਿਹਾਦ ਕੰਪਨੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇ ਤਾਂ ਜੋ ਅੱਗੇ ਤੋਂ ਕੋਈ ਵੀ ਨਿਯਮਾਂ ਦੀ ਉਲੰਘਣਾ ਕਰਨ ਦੀ ਹਿੰਮਤ ਨਾ ਕਰ ਸਕੇ।

**ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ 'ਚ ਰੁਕਾਵਟ ਬਣ ਰਹੇ ਹਨ ਇਹ ਪ੍ਰੋਡਕਟਸ-ਡਾ: ਕਲਸੀ**



ਕੰਮ ਕਾਜ ਬੰਦ ਕਰਕੇ ਜਾਣਕਾਰੀ ਦਿੰਦੇ ਹੋਏ ਮਾਲ ਵਿਭਾਗ ਦੇ ਨੁਮਾਇੰਦੇ। ਤਸਵੀਰ : ਕਾਹਲੋਂ/ਪੁਰੇਵਾਲ

# ਮਾਲ ਵਿਭਾਗ ਦੇ ਕਰਮਚਾਰੀਆਂ ਰੋਸ ਵਜੋਂ ਕਲਾਨੌਰ ਤਹਿਸੀਲ ਦਾ ਕੰਮ ਕੀਤਾ ਬੰਦ, ਲੋਕ ਹੋਏ ਖੱਜਲ-ਖੁਆਰ

ਕਲਾਨੌਰ, 3 ਜਨਵਰੀ (ਪੁਰੇਵਾਲ/ਕਾਹਲੋਂ)- ਡੇਰਾ ਬਾਬਾ ਨਾਨਕ ਵਿਖੇ ਤਹਿਸੀਲਦਾਰ ਨੂੰ ਬੰਦੀ ਬਣਾਉਣ ਦੇ ਮਾਮਲੇ ਤੋਂ ਬਾਅਦ ਅੱਜ ਸਥਾਨਕ ਤਹਿਸੀਲ ਕੰਪਲੈਕਸ 'ਚ ਮਾਲ ਵਿਭਾਗ ਦੇ ਨੁਮਾਇੰਦਿਆਂ ਵਲੋਂ ਆਪਣਾ ਕੰਮ ਕਾਜ ਬੰਦ ਕਰਕੇ ਰੋਸ ਪ੍ਰਗਟ ਕੀਤਾ ਗਿਆ। ਦੋ ਛੁੱਟੀਆਂ ਤੋਂ ਬਾਅਦ ਅੱਜ ਖੁੱਲ੍ਹੀ ਤਹਿਸੀਲ 'ਚ ਵੱਡੀ ਗਿਣਤੀ 'ਚ ਕੰਮ ਕਰਾਉਣ ਲਈ ਆਏ ਲੋਕ ਖੱਜਲ-ਖੁਆਰ ਹੁੰਦੇ ਰਹੇ। ਇਸ ਮੌਕੇ ਦੀ ਰੈਵੀਨਿਊ ਪਟਵਾਰ ਯੂਨੀਅਨ ਦੇ ਪ੍ਰਧਾਨ ਰਛਪਾਲ ਸਿੰਘ ਬਾਜਵਾ, ਜਨਰਲ ਸਕੱਤਰ ਜਗੀਰ ਸਿੰਘ, ਖਜਾਨਚੀ ਸਤਵਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਇਮਾਨਦਾਰ ਅਤੇ ਛੁੱਟੀ ਵਾਲੇ ਦਿਨ ਵੀ ਲੋਕਾਂ ਦੇ ਕੰਮ ਕਰਨ ਵਾਲੇ ਅਫਸਰਾਂ ਨੂੰ ਕਿਸਾਨ ਯੂਨੀਅਨ ਵਲੋਂ ਬੰਦੀ ਬਣਾਉਣਾ ਦੁੱਖ ਦੀ ਗੱਲ ਹੈ ਅਤੇ ਪਟਵਾਰ ਯੂਨੀਅਨ ਇਸ ਦੀ ਨਿਖੇਧੀ ਕਰਦੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਾਡੀ ਦੀਆਂ ਹਦਾਇਤਾਂ 'ਤੇ ਅਗਲਾ ਸੰਘਰਸ਼ ਕੀਤਾ ਜਾਵੇਗਾ।

# ਪੰਜਾਬ ਲੰਬੜਦਾਰ ਯੂਨੀਅਨ ਵਲੋਂ ਸਵ: ਪ੍ਰਧਾਨ ਅਜੀਤ ਸਿੰਘ ਨੂੰ ਸ਼ਰਧਾਂਜਲੀ ਭੇਟ

ਗੁਰਦਾਸਪੁਰ, 3 ਜਨਵਰੀ (ਆਰਿਫ਼)-ਪੰਜਾਬ ਲੰਬੜਦਾਰ ਯੂਨੀਅਨ ਦੇ ਆਗੂਆਂ ਦੀ ਮੀਟਿੰਗ ਲੰਬੜਦਾਰ ਹਾਲ ਵਿਖੇ ਹੋਈ। ਜਿਸ ਵਿਚ ਆਗੂਆਂ ਨੇ ਸਵਰਗੀ ਜ਼ਿਲ੍ਹਾ ਪ੍ਰਧਾਨ ਅਜੀਤ ਸਿੰਘ ਨੂੰ ਦੋ ਮਿੰਟ ਦਾ ਮੋਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਉਪਰੰਤ ਆਗੂਆਂ ਨੇ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਹਰਭਜਨ ਸਿੰਘ, ਲੱਖਾ ਸਿੰਘ, ਬਲਰਾਜ ਸਿੰਘ, ਅਜੀਤ ਸਿੰਘ, ਅਵਤਾਰ ਸਿੰਘ, ਦਰਸ਼ਨ ਲਾਲ, ਰਘੁਨਾਥ ਸਿੰਘ, ਸਤਪਾਲ ਸ਼ਰਮਾ, ਹਰਵਿੰਦਰ ਸਿੰਘ, ਰਤਨ ਮਸੀਹ, ਮਾਲਕ ਮਸੀਹ, ਅਵਤਾਰ ਚੰਦ, ਉੱਤਮ ਚੰਦ, ਉਜਾਗਰ ਸਿੰਘ, ਜੋਗਿੰਦਰ ਸਿੰਘ, ਦਰਸ਼ਨ ਕੁਮਾਰ, ਪ੍ਰਭਾਤ ਚੰਦ, ਦਿਆਲ ਸਿੰਘ, ਨਿਰਮਲ ਸਿੰਘ, ਬਲਵਿੰਦਰ ਸਿੰਘ, ਕੁਲਵੰਤ ਸਿੰਘ, ਬਲਬੀਰ ਸਿੰਘ, ਚਰਨਜੀਤ ਸਿੰਘ, ਦਰਸ਼ਨ ਸਿੰਘ, ਰਾਮ ਸਿੰਘ, ਬਖਸ਼ੀਸ਼ ਸਿੰਘ, ਰੂਪ ਲਾਲ, ਜਸਵਿੰਦਰ ਸਿੰਘ, ਕਰਮ ਸਿੰਘ, ਚਿਮਨ ਲਾਲ, ਰੱਖਾ ਮਸੀਹ, ਕਰਨੈਲ ਸਿੰਘ, ਕਾਬਲ ਸਿੰਘ, ਗੁਰਬਖ਼ਸ਼ ਸਿੰਘ, ਪੂਰਨ ਚੌਧਰੀ, ਗੁਰਦੇਵ ਸਿੰਘ, ਜਗਦੀਪ ਸਿੰਘ, ਅਸ਼ਵਨੀ, ਅਮਰੀਕ ਸਿੰਘ, ਜਗੀਰ ਸਿੰਘ, ਹਰਦਿਆਲ ਸਿੰਘ, ਰਮੇਲ ਸਿੰਘ, ਬਚਿੱਤਰ ਸਿੰਘ, ਬਲਵਿੰਦਰ ਸਿੰਘ, ਨਿਰਮਲ ਸਿੰਘ, ਪਾਲ ਸਿੰਘ, ਅਸ਼ੋਕ ਕੁਮਾਰ, ਸਰਦੂਲ ਸਿੰਘ, ਹਰਨਾਮ ਸਿੰਘ, ਮੰਗਤ ਰਾਮ, ਜਗਤਾਰ ਸਿੰਘ, ਚਮਨ ਲਾਲ, ਸੁਖਦੇਵ ਸਿੰਘ, ਰਣਜੀਤ ਸਿੰਘ, ਗੁਰਦਾਸ ਮੱਲ, ਸ਼ਿਵ ਦਿਆਲ, ਮਨਜੀਤ ਸਿੰਘ, ਕੰਵਲਜੀਤ ਸਿੰਘ।



ਪੰਜਾਬ ਲੰਬੜਦਾਰ ਯੂਨੀਅਨ ਦੇ ਆਗੂ ਸਵ: ਪ੍ਰਧਾਨ ਅਜੀਤ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ। ਤਸਵੀਰ : ਵਿਸ਼ਾਲ ਮੁੰਨਾ



ਗੁਰੂ ਕਾਲਜ ਬਟਾਲਾ 'ਚ ਲੱਗੇ ਐਨ.ਐੱਸ.ਐੱਸ. ਕੈਂਪ ਦੀ ਸਮਾਪਤੀ ਮੌਕੇ ਅਧਿਆਪਕ ਤੇ ਵਲੰਟੀਅਰ। ਅਜੀਤ ਤਸਵੀਰ

# ਗੁਰੂ ਨਾਨਕ ਕਾਲਜ ਬਟਾਲਾ ਵਿਖੇ ਐੱਨ.ਐੱਸ.ਐੱਸ. ਦਾ 7 ਰੋਜ਼ਾ ਕੈਂਪ ਸਮਾਪਤ

ਬਟਾਲਾ, 3 ਜਨਵਰੀ (ਕਾਹਲੋਂ)-ਨੈਸ਼ਨਲ ਸਰਵਿਸ ਸਕੀਮ ਅਧੀਨ ਗੁਰੂ ਨਾਨਕ ਕਾਲਜ ਬਟਾਲਾ ਵਿਖੇ ਚੱਲ ਰਿਹਾ 7 ਰੋਜ਼ਾ ਕੈਂਪ, ਜਿਸ ਦਾ ਉਦਘਾਟਨ ਕਾਲਜ ਦੇ ਪ੍ਰਿੰ. ਡਾ. ਚਰਨਜੀਤ ਸਿੰਘ ਨੇ ਕੀਤਾ ਸੀ, ਸਮਾਪਤ ਹੋ ਗਿਆ। ਕੈਂਪ ਦੀ ਪ੍ਰਧਾਨਗੀ ਕੋਆਰਡੀਨੇਟਰ ਪ੍ਰੋ. ਬਚਿੱਤਰ ਸਿੰਘ ਅਤੇ ਪ੍ਰੋ. ਆਸਥਾ ਨੇ ਕੀਤੀ, ਜਿਸ ਵਿਚ ਵੱਡੀ ਗਿਣਤੀ ਵਿਚ ਕਾਲਜ ਦੇ ਲੜਕੇ ਅਤੇ ਲੜਕੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਕੁਲਦੀਪ ਸ਼ਰਮਾ ਸੰਚਾਲਕ ਬਿਰਧ ਆਸ਼ਰਮ ਨੇ ਬੱਚਿਆਂ ਨੂੰ ਦੇਸ਼ ਅਤੇ ਸਮਾਜ ਦੀ ਸੇਵਾ ਕਰਨ ਨੂੰ ਸਭ ਤੋਂ ਵੱਡਾ ਸਮਾਜ ਸੁਧਾਰ ਦੱਸਿਆ। ਕਾਲਜ ਦੇ ਪ੍ਰਿੰ. ਡਾ. ਚਰਨਜੀਤ ਸਿੰਘ ਨੇ ਪ੍ਰੋਗਰਾਮ ਵਿਚ ਸ਼ਿਰਕਤ ਕੀਤੀ ਤੇ ਮੁਫ਼ਤ ਬੂਟਿਆਂ ਦੀ ਸੇਵਾ ਵੀ ਕੀਤੀ। ਵਿਦਿਆਰਥਣ ਸਿਮਰਨਪ੍ਰੀਤ ਕੌਰ ਨੇ ਵਾਤਾਵਰਣ ਦੀ ਸੰਭਾਲ 'ਤੇ ਭਾਸ਼ਣ ਦਿੱਤਾ। ਕੈਂਪ ਦੌਰਾਨ ਸਾਹਿਬਜ਼ਾਦਿਆਂ ਸ਼ਹੀਦੀ ਨੂੰ ਸਮਰਪਿਤ ਨਗਰ ਕੀਰਤਨ ਗੁਰੂ ਨਾਨਕ ਕਾਲਜ ਬਟਾਲਾ ਤੋਂ ਗੁਰਦੁਆਰਾ ਕੰਧ ਸਾਹਿਬ ਤੱਕ ਸਜਾਏ ਗਏ। ਕੈਂਪ ਵਿਚ ਵਧੀਆ ਵਲੰਟੀਅਰ ਸਿਮਰਨਜੀਤ ਸਿੰਘ, ਜਗਦੀਪ ਸਿੰਘ ਅਤੇ ਲੜਕੀਆਂ ਵਿਚੋਂ ਸਿਮਰਨਪ੍ਰੀਤ ਕੌਰ, ਰਮਨ ਨੂੰ ਚੁਣਿਆ ਗਿਆ, ਜਿਨਾਂ ਨੂੰ ਮੁੱਖ ਮਹਿਮਾਨ ਪ੍ਰਿੰ. ਡਾ. ਚਰਨਜੀਤ ਸਿੰਘ, ਕੋਆਰਡੀਨੇਟਰ ਪ੍ਰੋ. ਬਚਿੱਤਰ ਸਿੰਘ ਅਤੇ ਪ੍ਰੋ. ਆਸਥਾ ਨੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰੋ. ਅੰਮ੍ਰਿਤਪਾਲ ਸਿੰਘ ਹਾਜ਼ਰ ਸਨ।



ਪ੍ਰਤਾਪ ਸਿੰਘ ਬਾਜਵਾ ਪਿੰਡ ਫੇਰੋਚੇਚੀ ਵਿਚ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦੇ ਹੋਏ। ਤਸਵੀਰ : ਜਸਬੀਰ ਸਿੰਘ ਬਾਜਵਾ

# ਪਿੰਡ ਫੇਰੋਚੇਚੀ 'ਚ ਵਿਕਾਸ ਕੰਮਾਂ ਨੂੰ ਵੇਖ ਕੇ ਪ੍ਰਤਾਪ ਸਿੰਘ ਬਾਜਵਾ ਹੋਏ ਲੋਹੇ ਲਾਖੇ

ਭੈਣੀ ਮੀਆਂ ਖਾਂ, 3 ਜਨਵਰੀ (ਜਸਬੀਰ ਸਿੰਘ ਬਾਜਵਾ)-ਰਾਜ ਸਭਾ ਮੈਂਬਰ ਅਤੇ ਪੰਜਾਬ ਦੇ ਸਾਬਕਾ ਮੰਤਰੀ ਪ੍ਰਤਾਪ ਸਿੰਘ ਬਾਜਵਾ ਨੇ ਅੱਜ ਆਪਣੇ ਵਿਧਾਨ ਸਭਾ ਹਲਕਾ ਕਾਦੀਆਂ ਦੇ ਪਿੰਡ ਫੇਰੋਚੇਚੀ ਵਿਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਇਸ ਮੌਕੇ ਚੱਲ ਰਹੇ ਕੰਮਾਂ ਵਿਚ ਸਬ ਮਿਆਰੀ ਕੰਮ ਹੋਣ ਕਾਰਨ ਪ੍ਰਤਾਪ ਸਿੰਘ ਬਾਜਵਾ ਵਿਭਾਗ ਦੇ ਅਧਿਕਾਰੀਆਂ ਅਤੇ ਪ੍ਰਸ਼ਾਸਨ ਨਾਲ ਕਾਫ਼ੀ ਲੋਹੇ-ਲਾਖੇ ਹੋਏ। ਇਸ ਮੌਕੇ ਉਨ੍ਹਾਂ ਨੇ ਪਿੰਡ ਵਾਸੀਆਂ ਅਤੇ ਇਲਾਕੇ ਦੇ ਕਾਂਗਰਸੀਆਂ ਦੀ ਹਾਜ਼ਰੀ ਵਿਚ ਕਿਹਾ ਕਿ ਪੰਜਾਬ ਸਰਕਾਰ ਵਲੋਂ ਆ ਰਹੇ ਪੈਸੇ ਦੀ ਅਧਿਕਾਰੀਆਂ ਵਲੋਂ ਕੁਝ ਲੋਕਾਂ ਨਾਲ ਮਿਲ ਕੇ ਦੁਰਵਰਤੋਂ ਕੀਤੀ ਜਾ ਰਹੀ ਹੈ, ਜਿਸ ਦਾ ਉਨ੍ਹਾਂ ਨੂੰ ਕਾਫ਼ੀ ਮਲਾਲ ਹੈ। ਉਨ੍ਹਾਂ ਇਸ ਮੌਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨਾਲ ਵੀ ਗੱਲਬਾਤ ਕੀਤੀ ਅਤੇ ਹੋਈ ਗੱਲਬਾਤ ਦੇ ਵੇਰਵੇ ਜਨਤਕ ਤੌਰ 'ਤੇ ਵੀ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਪੰਜਾਬ ਕਾਂਗਰਸ ਫਿਰ ਇਕ ਵਾਰੀ ਜਿੱਤ ਦਾ ਪਰਚਮ ਲਹਿਰਾਏਗੀ ਅਤੇ ਪੰਜਾਬ ਵਿਚ ਬਣਨ ਵਾਲੀ ਕਾਂਗਰਸ ਦੀ ਸਰਕਾਰ ਵਿਚ ਹਲਕਾ ਕਾਦੀਆਂ ਨੂੰ ਵੱਡਾ ਮਾਣ-ਸਨਮਾਨ ਹਾਸਲ ਹੋਵੇਗਾ। ਇਸ ਮੌਕੇ ਚੇਅਰਮੈਨ ਕੁਲਵੰਤ ਸਿੰਘ ਭੈਣੀ ਖਾਦਰ, ਸਰਪੰਚ ਬਲਜੀਤ ਸਿੰਘ, ਨੰਬਰਦਾਰ ਸੁਰੇਸ਼ ਸਿੰਘ, ਸੋਨੀ ਪਹਿਲਵਾਨ, ਗੁਰਜੀਤ ਸਿੰਘ ਬਾਜਵਾ ਸਰਪੰਚ ਕੁਲਵੰਤ ਸਿੰਘ ਸ਼ੀਂਹ ਭੱਟੀ ਅਤੇ ਹੋਰ ਵੀ ਦਰਜਾ-ਬ-ਦਰਜਾ ਕਾਂਗਰਸ ਦੇ ਅਹੁਦੇਦਾਰ ਹਾਜ਼ਰ ਸਨ।

**ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਿਤ ਅਧਿਕਾਰੀਆਂ ਨਾਲ ਕੀਤਾ ਲੇਖਾ-ਜੋਖਾ**



ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਦੇ ਹੋਏ। ਤਸਵੀਰ : ਫੁੱਲ, ਬਾਠ

# ਕੈਬਨਿਟ ਮੰਤਰੀ ਬਾਜਵਾ ਵਲੋਂ ਫਤਹਿਗੜ੍ਹ ਚੂੜੀਆਂ ਨੂੰ ਸਬ-ਡਵੀਜ਼ਨ ਬਣਾਉਣ ਦਾ ਐਲਾਨ

ਫਤਹਿਗੜ੍ਹ ਚੂੜੀਆਂ, 3 ਜਨਵਰੀ (ਬਾਠ, ਫੁੱਲ)-ਪੰਜਾਬ ਸਰਕਾਰ ਵਲੋਂ ਜਾਰੀ ਕੀਤੇ ਗਏ ਹੁਕਮਾਂ ਅਨੁਸਾਰ ਕੈਬਨਿਟ ਮੰਤਰੀ ਤ੍ਰਿਪਤਰਜਿੰਦਰ ਸਿੰਘ ਬਾਜਵਾ ਵਲੋਂ ਫਤਹਿਗੜ੍ਹ ਚੂੜੀਆਂ ਸਬ ਡਵੀਜਨ ਬਣਾਉਣ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਕੈਬਨਿਟ ਮੰਤਰੀ ਤ੍ਰਿਪਤਰਜਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਬੀਤੇ ਦਿਨੀਂ ਕੈਬਨਿਟ ਮੀਟਿੰਗ 'ਚ ਮਤਾ ਪਾਸ ਕਰਦਿਆਂ ਫਤਹਿਗੜ੍ਹ ਚੂੜੀਆਂ ਸਬ ਡਵੀਜਨ ਬਣਾਉਣ ਦਾ ਫੈਸਲਾ ਕੀਤਾ ਹੈ ਅਤੇ ਐਸ.ਡੀ.ਐਮ. ਦਾ ਦਫਤਰ ਬਣਾਉਣ ਲਈ ਪੰਜਾਬ ਸਰਕਾਰ ਵਲੋਂ ਇਕ ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕਰ ਦਿੱਤੀ ਗਈ ਹੈ ਅਤੇ ਜਲਦੀ ਹੀ ਨਵੀਂ ਬਣੀ ਸਬ ਡਵੀਜਨ ਦਾ ਐਸ.ਡੀ.ਐਮ. ਚਾਰਜ ਸੰਭਾਲ ਕੇ ਕੰਮ ਸ਼ੁਰੂ ਕਰ ਦੇਣਗੇ। ਸ: ਬਾਜਵਾ ਅੱਜ ਫਤਹਿਗੜ੍ਹ ਚੂੜੀਆਂ 'ਚ ਵੱਖ-ਵੱਖ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣ ਲਈ ਆਏ ਹੋਏ ਸਨ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰੋਸ਼ਨ ਜੋਸ਼ਫ, ਐਡਵੋਕੇਟ ਨਵਤੇਜ ਸਿੰਘ ਰੰਧਾਵਾ, ਐਸ.ਐਚ.ਓ. ਹਰਪ੍ਰਕਾਸ਼ ਸਿੰਘ, ਪ੍ਰਧਾਨ ਕੌਂਸਲਰ ਦਵਿੰਦਰਪਾਲ ਸਿੰਘ ਮੱਘਾ, ਨਿਰਮਲ ਸਿੰਘ ਬੰਦੇਸ਼ਾ ਹਵੇਲੀਆਂ, ਰਾਜੀਵ ਸੋਨੀ ਕੌਂਸਲਰ, ਕੌਂਸਲਰ ਰਜਿੰਦਰ ਸਿੰਘ ਬਿੰਦੂ, ਕੌਂਸਲਰ ਰਣਯੋਦ ਸਿੰਘ ਦਿਓ, ਕ੍ਰਿਪਾਲ ਸਿੰਘ, ਸ਼ੁਭਾਸ ਮਾਨ, ਰਕੇਸ਼ ਕੁਮਾਰ, ਬਲਜਿੰਦਰ ਸਿੰਘ ਬੱਲਾ ਕਿਲਾ, ਹਰਪਾਲ ਸਿੰਘ ਚੌਹਾਨ, ਸੋਨੂੰ ਰੰਧਾਵਾ ਹਵੇਲੀਆਂ, ਨਵੀਸ਼ ਨੰਦਾ, ਭੂਸ਼ਨ ਜੋਸ਼ੀ, ਜੁਗਲ ਡੋਗਰਾ, ਰਕੇਸ਼ ਡੋਗਰਾ, ਅਸ਼ੋਕ ਕੁਮਾਰ, ਮਲੂਕ ਸਿੰਘ ਹਵੇਲੀਆਂ, ਸਤਨਾਮ ਸਿੰਘ ਗਿੱਲ ਆਦਿ ਹਾਜ਼ਰ ਸਨ।

## ਵਿਧਾਨ ਸਭਾ ਚੋਣਾਂ 'ਚ ਯੂਥ ਸ਼੍ਰੋਮਣੀ ਅਕਾਲੀ ਦਲ ਅਹਿਮ ਭੂਮਿਕਾ ਨਿਭਾਵੇਗਾ-ਮੱਟਮਾਂ/ਸੋਨੂੰ



ਬਲਜੀਤ ਸਿੰਘ ਮੱਟਮਾਂ ਤੇ ਗੁਰਪ੍ਰੀਤ ਸਿੰਘ ਸੋਨੂੰ

ਪੁਰਾਣਾ ਸ਼ਾਲਾ, 3 ਜਨਵਰੀ (ਅਸ਼ੋਕ ਸ਼ਰਮਾ)-2022 ਦੀਆਂ ਵਿਧਾਨ ਸਭਾ ਚੋਣਾਂ ਵਿਚ ਹਲਕਾ ਦੀਨਾਨਗਰ ਅੰਦਰ ਯੂਥ ਅਕਾਲੀ ਦਲ ਅਹਿਮ ਭੂਮਿਕਾ ਨਿਭਾਵੇਗਾ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਬਲਜੀਤ ਸਿੰਘ ਮੱਟਮਾਂ ਜ਼ਿਲ੍ਹਾ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਗੁਰਦਾਸਪੁਰ ਅਤੇ ਗੁਰਪ੍ਰੀਤ ਸਿੰਘ ਸੋਨੂੰ ਸਰਕਲ ਪ੍ਰਧਾਨ ਪੁਰਾਣਾ ਸ਼ਾਲਾ ਨੇ ਕੀਤਾ। ਉਕਤ ਆਗੂਆਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ 13 ਨੁਕਾਤੀ ਪ੍ਰੋਗਰਾਮ ਨੂੰ ਘਰ-ਘਰ ਪਹੁੰਚਾਉਣ ਲਈ ਪਿੰਡਾਂ ਅੰਦਰ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਆਰੰਭ ਕੀਤਾ ਹੈ। ਜਦੋਂ ਕਿ ਸੀਨੀਅਰ ਅਕਾਲੀ ਆਗੂ ਪਰਮਵੀਰ ਸਿੰਘ ਲਾਡੀ ਤੇ ਸੀਨੀਅਰ ਜਨਰਲ ਸਕੱਤਰ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹਲਕਾ ਦੀਨਾਨਗਰ ਦੇ ਸਮੂਹ ਪਿੰਡਾਂ ਅੰਦਰ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਾਹੀਆਂ ਹਨ, ਜਿਸ ਨੂੰ ਲੋਕਾਂ ਵਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।



ਮਨਦੀਪ ਸਿੰਘ ਰੰਗੜ ਨੰਗਲ ਦੇ ਹੱਕ 'ਚ ਘੁਮਾਣ ਵਿਖੇ ਮੀਟਿੰਗ ਕਰਦੇ ਸਾਹਿਬ ਸਿੰਘ ਮੰਡ ਅਤੇ ਹੋਰ ਆਗੂ। ਤਸਵੀਰ : ਬੰਮਰਾਹ

# ਸਾਹਿਬ ਸਿੰਘ ਮੰਡ ਦੀ ਅਗਵਾਈ ਹੇਠ ਮਨਦੀਪ ਸਿੰਘ ਰੰਗੜ ਨੰਗਲ ਦੇ ਹੱਕ 'ਚ ਮੀਟਿੰਗਾਂ ਦਾ ਸਿਲਸਲਾ ਜਾਰੀ

ਘੁਮਾਣ, 3 ਜਨਵਰੀ (ਬੰਮਰਾਹ)-ਹਲਕਾ ਸ੍ਰੀ ਹਰਗੋਬਿੰਦਪੁਰ ਦੇ ਸੀਨੀਅਰ ਕਾਂਗਰਸੀ ਆਗੂ ਤੇ ਪੰਜਾਬ ਹਾਊਸਫੈੱਡ ਦੇ ਉਪ ਚੇਅਰਮੈਨ ਸਾਹਿਬ ਸਿੰਘ ਮੰਡ ਦੀ ਅਗਵਾਈ 'ਚ ਮਨਦੀਪ ਸਿੰਘ ਰੰਗੜ ਨੰਗਲ ਦੇ ਹੱਕ ਵਿਚ ਹਲਕੇ ਦੇ ਪਿੰਡਾਂ ਵਿਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਘੁਮਾਣ ਵਿਖੇ ਕੀਤੀ ਗਈ ਮੀਟਿੰਗ ਦੌਰਾਨ ਸਾਹਿਬ ਸਿੰਘ ਮੰਡ ਨੇ ਕਿਹਾ ਕਿ ਵਿਧਾਇਕ ਬਲਵਿੰਦਰ ਸਿੰਘ ਲਾਡੀ ਦਾ ਹਲਕੇ ਵਿਚ ਵਿਰੋਧ ਹੋਣ ਕਰਕੇ ਉਨ੍ਹਾਂ ਨੂੰ ਕਾਂਗਰਸ ਪਾਰਟੀ ਛੱਡਣੀ ਪਈ ਅਤੇ ਭਾਜਪਾ ਵਿਚ ਸ਼ਾਮਿਲ ਹੋਣਾ ਪਿਆ। ਉਨ੍ਹਾਂ ਕਿਹਾ ਕਿ ਭਾਵੇਂ ਉਹ ਮੁੜ ਕਾਂਗਰਸ ਪਾਰਟੀ ਵਿਚ ਸ਼ਾਮਿਲ ਹੋ ਗਏ ਹਨ, ਪ੍ਰੰਤੂ ਹਲਕੇ ਦੇ ਲੋਕ ਉਨ੍ਹਾਂ ਦੀਆਂ ਗਲਤੀਆਂ ਨੂੰ ਕਦੀ ਵੀ ਬਰਦਾਸ਼ਤ ਨਹੀਂ ਕਰਨਗੇ ਅਤੇ ਮੂੰਹ ਨਹੀਂ ਲਾਉਣਗੇ। ਉਨ੍ਹਾਂ ਕਿਹਾ ਕਿ ਮਨਦੀਪ ਸਿੰਘ ਰੰਗੜ ਨੰਗਲ ਪੰਜਾਬ ਦੇ ਗ੍ਰਹਿ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਅਤੇ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਦੇ ਥਾਪੜੇ ਤੋਂ ਬਾਅਦ ਹਲਕੇ ਵਿਚ ਵਿਚਰ ਰਹੇ ਹਨ। ਇਸ ਮੌਕੇ ਬਲਦੇਵ ਸਿੰਘ ਲੱਧਾਮੁੰਡਾ, ਹਰਦਿਆਲ ਸਿੰਘ ਲੱਧਾਮੁੰਡਾ, ਰਣਜੀਤ ਸਿੰਘ ਸਾਬੀ, ਪਿਸ਼ੌਰਾ ਸਿੰਘ, ਮਨਜੀਤ ਸਿੰਘ, ਅਨੂਪ ਸਿੰਘ ਮਾੜੀ ਟਾਂਡਾ, ਬਲਜੀਤ ਸਿੰਘ ਸਦਾਰੰਗ, ਪਲਵਿੰਦਰ ਸਿੰਘ, ਗਿਆਨ ਸਿੰਘ ਜਾਲੀਆਂ, ਨਿਰਮਲ ਸਿੰਘ ਬੁੜੇਨੰਗਲ, ਹਰਮਨਦੀਪ ਸਿੰਘ ਹਰਚੋਵਾਲ, ਸਰਪੰਚ ਮਨਦੀਪ ਸਿੰਘ ਨਾਨਕ ਨੰਗਲ, ਕੁਲਜੀਤ ਸਿੰਘ ਮਾੜੀ ਟਾਂਡਾ, ਗੁਰਮੀਤ ਸਿੰਘ ਸੰਮਤੀ ਮੈਂਬਰ ਘੁਮਾਣ, ਗੁਰਦੇਵ ਸਿੰਘ, ਮੰਗਲ ਸਿੰਘ, ਭੁਪਿੰਦਰ ਸਿੰਘ, ਬੱਬੀ ਘੁਮਾਣ, ਨਰੇਸ਼ ਕੁਮਾਰ ਘੁਮਾਣ, ਨਿਰਮਲ ਸਿੰਘ, ਸੁੱਚਾ ਸਿੰਘ ਆਦਿ ਹਾਜ਼ਰ ਸਨ।